# ਰਫਿਊਜੀਆਂ ਦੀ ਹਾਊਸਿੰਗ ਲਈ ਫੈਡਰਲ ਸਰਕਾਰ ਵੱਲੋਂ ਧੇਲੇ ਦੀ ਮੱਦਦ ਨਹੀਂ ਕੀਤੀ ਜਾ ਰਹੀ : ਚਾਓ

ਪੰਨਾ 1 ਦਾ ਬਾਕੀ

ਬੁੱਧਵਾਰ ਨੂੰ ਸਕਾਰਬਰੋ ਵਿੱਚ ਕਮਿਊਨਿਟੀ ਆਗੂਆਂ ਤੇ ਪ੍ਰਾਈਵੇਟ ਸੈਕਟਰ ਦੇ ਆਗੂਆਂ ਨਾਲ ਮੁਲਾਕਾਤ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚਾਓ ਨੇ ਆਖਿਆ ਕਿ ਰਫਿਊਜੀਆਂ ਦੀ ਹਾਊਸਿੰਗ ਲਈ ਫੈਡਰਲ ਸਰਕਾਰ ਵੱਲੋਂ ਇਸ ਵੇਲੇ ਧੇਲੇ ਦੀ ਮਦਦ ਨਹੀਂ ਕੀਤੀ ਜਾ ਰਹੀ। ਉਨ੍ਹਾਂ ਆਖਿਆ ਕਿ ਸਿਟੀ ਦੇ ਖਚਾਖਚ ਭਰੇ ਸ਼ੈਲਟਰ ਸਿਸਟਮ ਵਿੱਚ ਹਰ ਤੀਜਾ ਕਲਾਇੰਟ ਰਫਿਊਜੀ ਹੈ ਤੇ ਏਰੀਏ ਵਿੱਚ ਮੌਜੂਦ ਰਫਿਊਜੀ ਫੈਡਰਲ ਸਰਕਾਰ ਦੀ ਜ਼ਿੰਮੇਵਾਰੀ ਹਨ। ਉਨ੍ਹਾ ਆਖਿਆ ਕਿ ਮਜਬੂਰੀ ਵਿੱਚ ਲੋਕਾਂ ਨੂੰ ਸਾਈਡਵਾਕਸ ਉੱਤੇ ਕੈਂਪ ਲਾ ਕੇ ਦਿਨ ਟਪਾਉਣੇ ਪੈ ਰਹੇ ਹਨ, ਉੱਥੇ ਨੇੜੇ ਹੀ ਉਨ੍ਹਾਂ ਦੇ ਸਮਾਨ ਦੇ ਢੇਰ ਵੀ ਲੱਗੇ ਰਹਿੰਦੇ ਹਨ ਤੇ ਆਲੇ ਦੁਆਲੇ ਕੰਬਲ ਆਦਿ ਪਏ ਆਮ ਵੇਖੇ ਜਾ ਸਕਦੇ ਹਨ।

ਹਾਲਾਂਕਿ ਚਾਓ ਨੇ ਮੇਅਰ ਦੇ ਅਹੁਦੇ ਦੀ ਸੰਹੁ 12 ਜੁਲਾਈ ਨੂੰ ਚੁੱਕਣੀ ਹੈ ਪਰ ਉਨ੍ਹਾਂ ਵੱਲੋਂ ਆਪਣਾ ਕੰਮਕਾਜ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸਬੰਧ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨਾਲ ਹੋਈ ਗੱਲਬਾਤ ਬਾਰੇ ਉਨ੍ਹਾਂ ਆਖਿਆ ਕਿ ਇਸ ਤੋਂ ਬਾਅਦ ਉਹ ਆਸਵੰਦ ਹਨ ਕਿ ਇਸ ਪਾਸੇ ਜਲਦ ਹੀ ਸਕਾਰਾਤਮਕ ਢੰਗ ਨਾਲ ਅੱਗੇ ਵਧਿਆ ਜਾਵੇਗਾ। ਉਨ੍ਹਾਂ ਆਉਣ ਵਾਲੇ ਦਿਨਾਂ ਵਿੱਚ ਰਫਿਊਜੀਜ਼ ਦੇ ਗਰੁੱਪਜ਼ ਨਾਲ ਮੁਲਾਕਾਤ ਕਰਨ ਦਾ ਸੰਕੇਤ ਵੀ ਦਿੱਤਾ। ਉਨ੍ਹਾਂ ਆਖਿਆ ਕਿ ਉਹ ਉਨ੍ਹਾਂ ਦੀਆਂ ਲੋੜਾਂ ਬਾਰੇ ਵੀ ਜਾਣਕਾਰੀ ਹਾਸਲ ਕਰਨਾ ਚਾਹੁੰਦੀ ਹੈ।

# ਪਿੱਕ ਅੱਪ ਟਰੱਕ ਸੜਕ ਕਿਨਾਰੇ ਜਾਂਦੇ ਲੋਕਾਂ ਉੱਤੇ ਚੜ੍ਹਿਆ, ਬੱਚੇ ਦੀ ਹੋਈ ਮੌਤ, 4 ਜ਼ਖ਼ਮੀ



ਓਨਟਾਰੀਓ, 5 ਜੁਲਾਈ (ਪੋਸਟ ਬਿਊਰੋ) : ਨਸ਼ੇ ਦੀ ਹਾਲਤ ਵਿੱਚ ਪਿੱਕ ਅੱਪ ਟਰੱਕ ਆਪਰੇਟਰ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਬੱਚੇ ਦੀ ਮੌਤ ਹੋ ਗਈ ਜਦਕਿ ਚਾਰ ਹੋਰ ਜ਼ਖ਼ਮੀ ਹੋ ਗਏ। ਇਹ ਹਾਦਸਾ ਮੰਗਲਵਾਰ ਦੁਪਹਿਰ ਨੂੰ ਸੇਂਟ ਥਾਮਸ, ਓਨਟਾਰੀਓ ਵਿੱਚ ਵਾਪਰਿਆ।

ਪੁਲਿਸ ਨੇ ਆਖਿਆ ਕਿ ਇਹ ਹਾਦਸਾ ਟੈਲਬੋਟ ਸਟਰੀਟ ਤੇ ਕਾਸੋਕਰੌਸਿੰਗ ਦੇ ਇੰਟਰਸੈਕਸ਼ਨ ਉੱਤੇ ਵਾਪਰਿਆ। ਟੈਲਬੋਟ ਸਟਰੀਟ ਉੱਤੇ ਜਾ ਰਿਹਾ ਡਰਾਈਵਰ ਪਿੱਕ ਅੱਪ ਟਰੱਕ ਤੋਂ ਨਿਯੰਤਰਣ ਗੁਆ ਬੈਠਿਆ ਤੇ ਸੜਕ ਤੋਂ ਉਤਰ ਗਿਆ ਅਤੇ ਸਾਈਡਵਾਕ ਉੱਤੇ ਜਾ ਰਹੇ ਪੰਜ ਲੋਕਾਂ ਉੱਤੇ ਜਾ ਚੜ੍ਹਿਆ। ਇਹ ਜਾਣਕਾਰੀ ਪੁਲਿਸ ਨੇ ਦਿੱਤੀ। ਇੱਕ ਬੱਚੇ ਨੂੰ ਤਾਂ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਇੱਕ ਮਹਿਲਾ ਨੂੰ ਲੰਡਨ, ਓਨਟਾਰੀਓ ਦੇ ਹਸਪਤਾਲ ਦਾਖਲ ਕਰਵਾਇਆ ਗਿਆ ਤੇ ਉਸ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ।

ਬਾਕੀ ਤਿੰਨ ਲੋਕਾਂ ਨੂੰ ਵੀ ਸੱਟਾਂ ਲੱਗੀਆਂ ਤੇ ਉਨ੍ਹਾਂ ਨੂੰ ਲੋਕਲ ਹਸਪਤਾਲ ਲਿਜਾਇਆ ਗਿਆ। ਇਸ ਦੌਰਾਨ ਪਿੱਕਅੱਪ ਟਰੱਕ ਦੇ ਡਰਾਈਵਰ ਨੂੰ ਗ੍ਰਿਫਤਾਰ ਕਰ ਲਿਆ ਗਿਆ।

# ਓਨਟਾਰੀਓ ਵਿੱਚ ਗੈਰਲਾਇਸੰਸਸ਼ੁਦਾ ਏਜੰਸੀਆਂ ਤੋਂ ਆਰਜ਼ੀ ਵਰਕਰਜ਼ ਨੂੰ ਹਾਇਰ ਕਰਨਾ ਹੁਣ ਹੋਵੇਗਾ ਗੈਰਕਾਨੂੰਨੀ



ਓਨਟਾਰੀਓ, 5 ਜੁਲਾਈ (ਪੋਸਟ ਬਿਊਰੋ) : ਓਨਟਾਰੀਓ ਵੱਲੋਂ ਇੱਕ ਨਵਾਂ ਨਿਯਮ ਲਿਆਉਣ ਦੀ ਤਿਆਰੀ ਕੀਤੀ ਜਾ ਰਹੀ ਹੈ ਜਿਸ ਤਹਿਤ ਆਰਜ਼ੀ ਹੈਲਪ ਏਜੰਸੀਆਂ ਤੇ ਰਕਰੂਟਰਜ਼ ਨੂੰ ਪ੍ਰੋਵਿੰਸ ਵਿੱਚ ਆਪਰੇਟ ਕਰਨ ਲਈ ਲਾਇਸੰਸ ਲੈਣਾ ਹੋਵੇਗਾ। ਇਹ ਨਿਯਮ ਅਗਲੇ ਸਾਲ ਤੋਂ ਲਾਗੂ ਹੋ ਜਾਵੇਗਾ।

ਜੇ ਅਜਿਹੀਆਂ ਏਜੰਸੀਆਂ ਵੱਲੋਂ ਇਸ ਨਿਯਮ ਨੂੰ ਤੋੜਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਨੂੰ ਭਾਰੀ ਜੁਰਮਾਨੇ ਲਾਏ ਜਾਣਗੇ। ਇਸ ਤੋਂ ਇਲਾਵਾ ਏਜੰਸੀਆਂ ਦੇ ਪਿਛੋਕੜ ਦੀ ਜਾਂਚ ਵੀ ਕੀਤੀ ਜਾਵੇਗੀ। ਲੇਬਰ ਮੰਤਰੀ ਮੌਂਟੀ ਮੈਕਨੌਟਨ ਨੇ ਆਖਿਆ ਕਿ ਇਹ ਜੁਰਮਾਨਾ ਦੇਸ਼ ਵਿੱਚ ਸੱਭ ਤੋਂ ਵੱਧ ਹੋਵੇਗਾ। ਨਿਯਮ ਦੀ ਉਲੰਘਣਾਂ ਕਰਨ ਵਾਲੀ ਏਜੰਸੀ ਨੂੰ ਜਾਂ ਤਾਂ 50,000 ਡਾਲਰ ਜੁਰਮਾਨਾ ਅਦਾ ਕਰਨਾ ਹੋਵੇਗਾ ਤੇ ਜਾਂ ਫਿਰ ਉਸ ਦੇ ਓਨਟਾਰੀਓ ਵਿੱਚ ਦੁਬਾਰਾ ਕਦੇ ਵੀ ਆਪਰੇਟ ਕਰਨ ਉੱਤੇ ਪਾਬੰਦੀ ਲੱਗ ਜਾਵੇਗੀ।

ਮੰਤਰੀ ਨੇ ਆਖਿਆ ਕਿ ਉਨ੍ਹਾਂ ਨੇ ਇਸ ਨੂੰ ਆਪਣਾ ਮਿਸ਼ਨ ਹੀ ਬਣਾ ਲਿਆ ਹੈ ਕਿ ਪ੍ਰੋਵਿੰਸ ਵਿੱਚ ਕੰਮ ਕਰਨ ਵਾਲੇ ਹਰੇਕ ਵਰਕਰ ਕੋਲ, ਫਿਰ ਭਾਵੇਂ ਉਸ ਕੋਲ ਕਿਤੋਂ ਦਾ ਵੀ ਪਾਸਪੋਰਟ ਹੋਵੇ, ਹੈਲਥ ਕੇ ਸੇਫਟੀ ਪ੍ਰੋਟੈਕਸ਼ਨ ਹੋਵੇ। ਉਨ੍ਹਾਂ ਆਖਿਆ ਕਿ ਕਿਸੇ ਵਰਕਰ ਦੇ ਪਾਸਪੋਰਟ ਜਾਂ ਵਰਕ ਵੀਜ਼ਾ ਸਬੰਧੀ ਦਸਤਾਵੇਜ਼ਾਂ ਨੂੰ ਆਪਣੇ ਕੋਲ ਰੱਖਕੇ ਉਨ੍ਹਾਂ ਦਾ ਸ਼ੋਸ਼ਣ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਆਖਿਆ ਕਿ ਇਸ ਤਰ੍ਹਾਂ ਦੇ ਸ਼ੋਸ਼ਣ ਨੂੰ ਰੋਕਣ ਲਈ ਉਹ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ।

ਉਨ੍ਹਾਂ ਆਖਿਆ ਕਿ ਉਨ੍ਹਾਂ ਦੇ ਮੰਤਰਾਲੇ ਵੱਲੋਂ ਸਪੈਸ਼ਲ ਟੀਮ ਤਿਆਰ ਕੀਤੀ ਗਈ ਹੈ ਜਿਹੜੀ ਉਨ੍ਹਾਂ ਟੈਂਪਰੇਰੀ ਹੈਲਪ ਏਜੰਸੀਆਂ ਦੀ ਜਾਂਚ ਕਰੇਗੀ ਜਿਹੜੀਆਂ ਵਰਕਰਜ਼ ਨਾਲ ਉਹੋ ਜਿਹਾ ਵਿਵਹਾਰ ਨਹੀਂ ਕਰ ਰਹੀਆਂ ਜਿਹੋ ਜਿਹਾ ਵਿਵਹਾਰ ਉਨ੍ਹਾਂ ਨਾਲ ਹੋਣਾ ਚਾਹੀਦਾ ਹੈ। ਮੈਕਨੌਟਨ ਨੇ ਇਹ ਵੀ ਆਖਿਆ ਕਿ ਅਜਿਹੀਆਂ ਏਜੰਸੀਆਂ ਵੱਲੋਂ 2022 ਵਿੱਚ 114,000 ਲੋਕਾਂ ਨੂੰ ਫੁੱਲ ਟਾਈਮ ਕੰਮ ਦਿਵਾਉਣ ਵਿੱਚ ਮੱਦਦ ਕੀਤੀ ਗਈ।

# ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਬੱਚੀ ਜ਼ਖ਼ਮੀ



ਟੋਰਾਂਟੋ, 5 ਜੁਲਾਈ (ਪੋਸਟ ਬਿਊਰੋ) : ਦ ਜੰਕਸ਼ਨ ਵਿੱਚ ਕਰੌਸਵਾਕ ਉੱਤੇ ਇੱਕ ਗੱਡੀ ਵੱਲੋਂ ਬੱਚੀ ਨੂੰ ਟੱਕਰ ਮਾਰੇ ਜਾਣ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਬੁੱਧਵਾਰ ਰਾਤ ਨੂੰ ਪੁਲਿਸ ਵੱਲੋਂ ਜਾਰੀ ਕੀਤੀ ਗਈ ਅਪਡੇਟ ਵਿੱਚ ਦੱਸਿਆ ਗਿਆ ਕਿ ਬੱਚੀ ਅਜੇ ਵੀ ਹਸਪਤਾਲ ਵਿੱਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਬੱਚੀ 10 ਸਾਲ ਤੋਂ ਨਿੱਕੀ ਉਮਰ ਦੀ ਹੈ ਪਰ ਉਸ ਦੀ ਸਹੀ ਉਮਰ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ। ਦੁਪਹਿਰ ਦੇ 4:30 ਵਜੇ ਹਾਦਸੇ ਦੀ ਖਬਰ ਦੇ ਕੇ ਐਮਰਜੰਸੀ ਅਮਲੇ ਨੂੰ ਹਾਈ ਪਾਰਕ ਐਵਨਿਊ ਤੇ ਡੰਡਾਸ ਸਟਰੀਟ ਨੇੜੇ ਸੱਦਿਆ ਗਿਆ।

ਜਿਸ ਗੱਡੀ ਵੱਲੋਂ ਟੱਕਰ ਮਾਰੀ ਗਈ ਉਸ ਦਾ ਡਰਾਈਵਰ ਮੌਕੇ ਉੱਤੇ ਹੀ ਮੌਜੂਦ ਰਿਹਾ ਪਰ ਉਸ ਉੱਤੇ ਕੀ ਚਾਰਜਿਜ਼ ਲਾਏ ਜਾਣਗੇ, ਇਸ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ ਹੈ।

## ਅੱਜ ਨਾਮਾ

ਚਰਚਾ ਚਾਚੇ-ਭਤੀਜੇ ਦੀ ਬਹੁਤ ਭੜਕੀ,
ਸੁਣਦੇ ਚਸਕਿਆਂ ਨਾਲ ਹਨ ਲੋਕ ਬੇਲੀ।
ਦੋਵਾਂ ਪਾਸਿਉਂ ਲੱਗਣ ਪਏ ਦੋਸ਼ ਦੂਸ਼ਣ,
ਮਸਾਲਿਆਂ ਭਰੀ ਹੋਵੇ ਨੋਕ-ਝੋਕ ਬੇਲੀ।
ਚੌਧਰ ਖਾਤਰ ਹੈ ਦੋਵਾਂ ਦੀ ਹੋਈ ਟੱਕਰ,
ਦਾਅਵਾ ਦੋਵੇਂ ਹੀ ਰਹੇ ਉਹ ਠੋਕ ਬੇਲੀ।
ਸਾਊ ਸੱਜਣ ਹਨ ਦੋਵਾਂ ਨਾਲ ਬੜੇ ਥੋੜ੍ਹੇ,
ਬਾਹਲੇ ਬੁੱਕ ਰਹੇ ਸੁਣੇ ਗਏ ਬੋਕ ਬੇਲੀ।
ਤੀਸਰੀ ਧਿਰ ਕੋਈ ਦੋਵਾਂ ਨੂੰ ਜਾਏ ਚੁੱਕੀ,
ਦੇਂਦੀ ਦੋਵਾਂ ਨੂੰ ਟਿਕਣ ਨਾ ਬਹਿਣ ਬੇਲੀ।
ਜਿਹੜੇ ਪਾਸੇ ਨੂੰ ਗਈ ਆ ਤਿਲਕ ਗੱਡੀ,
ਚੌਧਰ ਦੋਵਾਂ ਦੀ ਲੱਗੀ ਨਾ ਰਹਿਣ ਬੇਲੀ।

**ਤੀਸ ਮਾਰ ਖਾਂ**

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

## ਜੈਪੁਰ ਵਿਚ ਵਿਦੇਸ਼ੀ ਔਰਤ ਨਾਲ ਛੇੜਛਾੜ ਦਾ ਵੀਡੀਓ ਹੋਇਆ ਵਾਇਰਲ, ਟੈਕਸੀ ਡਰਾਈਵਰ ਨੇ ਕੀਤੀ ਅਸ਼ਲੀਲ ਹਰਕਤ



ਜੈਪੁਰ, 5 ਜੁਲਾਈ (ਪੋਸਟ ਬਿਊਰੋ): ਜੈਪੁਰ ਵਿੱਚ ਇੱਕ ਟੈਕਸੀ ਡਰਾਈਵਰ ਵੱਲੋਂ ਇੱਕ ਵਿਦੇਸ਼ੀ ਔਰਤ ਨਾਲ ਛੇੜਛਾੜ ਕਰਨ ਅਤੇ ਅਣਉਚਿਤ ਤਰੀਕੇ ਨਾਲ ਛੂਹਣ ਦਾ ਵੀਡੀਓ ਵਾਇਰਲ ਹੋ ਰਿਹਾ ਹੈ। ਹੋਟਲ ਤੋਂ ਵਾਪਿਸ ਆਉਂਦੇ ਸਮੇਂ ਇੱਕ ਟੈਕਸੀ ਡਰਾਈਵਰ ਔਰਤ ਦਾ ਪਿੱਛਾ ਕਰਨ ਲੱਗਾ। ਫਿਰ ਪੈਦਲ ਆ ਰਹੀ ਵਿਦੇਸ਼ੀ ਔਰਤ ਦੇ ਗਲੇ ਵਿੱਚ ਹੱਥ ਪਾ ਕੇ ਅਸ਼ਲੀਲ ਹਰਕਤਾਂ ਕਰਨ ਲੱਗ ਪਿਆ। ਟੈਕਸੀ ਡਰਾਈਵਰ ਦੀ ਇਸ ਹਰਕਤ ਦਾ ਵੀਡੀਓ ਦਿੱਲੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਸਵਾਤੀ ਮਾਲੀਵਾਲ ਨੇ ਟਵੀਟ ਕੀਤਾ ਸੀ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇਸ਼ ਦਾ ਅਕਸ ਖਰਾਬ ਹੁੰਦਾ ਹੈ। ਇਸ ਦੇ ਨਾਲ ਹੀ ਥਾਣਾ ਵਿਧਾਇਕਪੁਰੀ ਨੇ ਮਾਮਲੇ ਦੀ ਜਾਂਚ ਲਈ ਟੀਮ ਦਾ ਗਠਨ ਕੀਤਾ ਹੈ। ਮੁਲਜ਼ਮ ਟੈਕਸੀ ਡਰਾਈਵਰ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਰਹੀ ਹੈ। ਜੈਪੁਰ ਪੁਲਿਸ ਕੰਟਰੋਲ ਰੂਮ ਨੇ ਵੀਡੀਓ ਦੀ ਪੁਸ਼ਟੀ ਕਰਨ ਲਈ ਸਿੰਧੀ ਕੈਂਪ ਪੁਲਿਸ ਸਟੇਸ਼ਨ ਭੇਜਿਆ ਅਤੇ ਸਥਾਨ ਦੀ ਪਛਾਣ ਵਿਧਾਇਕਪੁਰੀ ਸਟੇਸ਼ਨ ਖੇਤਰ ਵਜੋਂ ਕੀਤੀ ਗਈ। ਅਧਿਕਾਰੀਆਂ ਨੇ ਮੰਗਲਵਾਰ ਨੂੰ ਦੱਸਿਆ ਕਿ ਮਾਮਲੇ ਨੂੰ ਉੱਥੇ ਟਰਾਂਸਫਰ ਕਰ ਦਿੱਤਾ ਗਿਆ ਹੈ। ਪੁਲਸ ਦੋਸ਼ੀ ਟੈਕਸੀ ਡਰਾਈਵਰ ਦੀ ਭਾਲ ਵਿਚ ਹੈ, ਜੋ ਵੀਡੀਓ 'ਚ ਵਿਦੇਸ਼ੀ ਔਰਤ ਨੂੰ ਛੂਹਦਾ ਨਜ਼ਰ ਆ ਰਿਹਾ ਹੈ। ਪੁਲਿਸ ਨੇ ਦੱਸਿਆ ਕਿ ਟੈਕਸੀ ਡਰਾਈਵਰ ਨਾਲ ਘੁੰਮਦੇ ਦਿਖਾਈ ਦੇਣ ਵਾਲੇ ਵਿਦੇਸ਼ੀ ਸੈਲਾਨੀ ਨਾਲ ਅਜੇ ਸੰਪਰਕ ਨਹੀਂ ਹੋ ਸਕਿਆ ਹੈ। ਉਨ੍ਹਾਂ ਕਿਹਾ ਕਿ ਔਰਤ ਅਤੇ ਮੁਲਜ਼ਮ ਦੀ ਪਛਾਣ ਅਜੇ ਤੱਕ ਨਹੀਂ ਹੋ ਸਕੀ ਹੈ। ਇਸ ਵੀਡੀਓ ਨੂੰ ਇਸ ਔਰਤ ਦੇ ਇੱਕ ਜਾਣਕਾਰ ਨੇ ਸ਼ੇਅਰ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਨਾਗਾਲੈਂਡ ਵਿਚ ਤਿੰਨ ਕਾਰਾਂ ਉਪਰ ਪਹਾੜੀ ਤੋਂ ਡਿੱਗੇ ਵੱਡੇ ਪੱਥਰ, 2 ਮੌਤਾਂ



ਕੋਹਿਮਾ, 5 ਜੁਲਾਈ (ਪੋਸਟ ਬਿਊਰੋ): ਨਾਗਾਲੈਂਡ ਦੇ ਚੁਮਾਉਕੇਦੀਮਾ ਜ਼ਿਲ੍ਹੇ ਵਿੱਚ ਮੰਗਲਵਾਰ ਸ਼ਾਮ ਨੂੰ ਪਹਾੜ ਤੋਂ ਇੱਕ ਵੱਡੀ ਚੱਟਾਨ ਡਿੱਗਣ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ ਅਤੇ ਤਿੰਨ ਹੋਰ ਜ਼ਖ਼ਮੀ ਹੋ ਗਏ। ਪੁਲਿਸ ਨੇ ਇਹ ਜਾਣਕਾਰੀ ਦਿੱਤੀ ਹੈ। ਪੁਲਿਸ ਨੇ ਦੱਸਿਆ ਕਿ ਲਗਾਤਾਰ ਭਾਰੀ ਮੀਂਹ ਦੇ ਚੱਲਦਿਆਂ ਨੈਸ਼ਨਲ ਹਾਈਵੇ-29 'ਤੇ ਪਟਕਈ ਪੁਲ ਦੇ ਕੋਲ ਵੱਡੇ-ਵੱਡੇ ਪੱਥਰਾਂ ਨੇ ਕਾਰਾਂ ਨੂੰ ਦਰੜ ਕੇ ਕੁਚਲ ਦਿੱਤਾ, ਜਿਸ ਕਾਰਨ ਇੱਕ ਯਾਤਰੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਚਾਰ ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ, ਜਿਸ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ, ਜਿੱਥੇ ਇੱਕ ਹੋਰ ਨੇ ਦਮ ਤੋੜ ਦਿੱਤਾ।

ਵੱਡੀਆਂ ਚੱਟਾਨਾਂ ਨੇ ਤਿੰਨ ਹੋਰ ਕਾਰਾਂ ਨੂੰ ਵੀ ਟੱਕਰ ਮਾਰ ਦਿੱਤੀ, ਜਿਸ ਨਾਲ ਵਾਹਨਾਂ ਨੂੰ ਨੁਕਸਾਨ ਪਹੁੰਚਿਆ। ਦੀਮਾਪੁਰ ਜਾ ਰਹੀਆਂ ਕਾਰਾਂ ਕੋਹਿਮਾ ਤੋਂ ਆ ਰਹੀਆਂ ਸਨ। ਇਕ ਕਾਰ 'ਚ ਲੱਗੇ ਕੈਮਰੇ ਨੇ ਹਾਦਸੇ ਦੇ ਦ੍ਰਿਸ਼ ਕੈਦ ਕਰ ਲਏ ਅਤੇ ਇਹ ਕਲਿੱਪ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ।

## ਪਾਕਿਸਤਾਨੀ ਔਰਤ ਆਪਣੇ ਪ੍ਰੇਮੀ ਨੂੰ ਮਿਲਣ ਲਈ ਭਾਰਤ ਆਈ, ਹਰਿਆਣਾ ਤੋਂ ਕੀਤੀ ਗ੍ਰਿਫਤਾਰ, ਪਬਜੀ ਖੇਡਦੇ ਹੋਇਆ ਸੀ ਪਿਆਰ





ਜੇਵਰ/ਨੋਇਡਾ, 5 ਜੁਲਾਈ (ਪੋਸਟ ਬਿਊਰੋ): ਆਪਣੇ ਪ੍ਰੇਮੀ ਕੋਲ ਭਾਰਤ ਆਈ ਪਾਕਿਸਤਾਨੀ ਔਰਤ ਨੂੰ ਨੋਇਡਾ ਪੁਲਿਸ ਨੇ ਹਰਿਆਣਾ ਦੇ ਬੱਲਭਗੜ੍ਹ ਤੋਂ ਗ੍ਰਿਫ਼ਤਾਰ ਕੀਤਾ ਹੈ। ਮਹਿਲਾ ਨੂੰ ਪਬਜੀ ਖੇਡਦੇ ਹੋਏ ਇੱਕ ਭਾਰਤੀ ਨੌਜਵਾਨ ਨਾਲ ਪਿਆਰ ਹੋ ਗਿਆ ਸੀ, ਜਿਸ ਤੋਂ ਬਾਅਦ ਉਹ ਆਪਣੇ ਪਹਿਲੇ ਪਤੀ ਨੂੰ ਛੱਡ ਕੇ ਚਾਰ ਬੱਚਿਆਂ ਨਾਲ ਭਾਰਤ ਆ ਗਈ ਸੀ।

ਗ੍ਰੇਟਰ ਨੋਇਡਾ ਦੇ ਡੀ.ਸੀ.ਪੀ. ਸ਼ਾਦ ਮੀਆਂ ਖਾਨ ਨੇ ਕਿਹਾ ਕਿ ਮਹਿਲਾ ਸੀਮਾ ਮੂਲ ਰੂਪ ਤੋਂ ਪਾਕਿਸਤਾਨ ਦੇ ਖੈਰਪੁਰ ਸਿੰਧ ਸੂਬੇ ਦੀ ਰਹਿਣ ਵਾਲੀ ਹੈ। ਹੁਣ ਉਹ ਕਰਾਚੀ ਵਿਚ ਰਹਿ ਰਹੀ ਸੀ। ਮਹਿਲਾ ਦੇ ਬੁਆਏਫ੍ਰੈਂਡ ਸਚਿਨ ਅਤੇ ਉਸ ਦੇ ਪਿਤਾ ਨੇਤਰਪਾਲ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਜਾਂਚ 'ਚ ਸਾਹਮਣੇ ਆਇਆ ਹੈ ਕਿ ਸੀਮਾ ਨੇ 5ਵੀਂ ਜਮਾਤ ਤੱਕ ਪੜ੍ਹਾਈ ਕੀਤੀ ਹੈ। 2020 ਵਿੱਚ ਲਾਕਡਾਊਨ ਦੌਰਾਨ ਜਦੋਂ ਪਤੀ ਕੰਮ ਲਈ ਸਾਊਦੀ ਗਿਆ ਸੀ ਤਾਂ ਸੀਮਾ ਅਤੇ ਸਚਿਨ ਪਬਜੀ ਗੇਮ ਰਾਹੀਂ ਸੰਪਰਕ ਵਿੱਚ ਆਏ ਸਨ।

ਇਸ ਤੋਂ ਬਾਅਦ ਉਸ ਨੇ ਇੰਟਰਨੈੱਟ ਰਾਹੀਂ ਪਾਕਿਸਤਾਨ ਤੋਂ ਭਾਰਤ ਆਉਣ ਦਾ ਰਾਹ ਲੱਭਿਆ। ਉਸ ਨੇ ਨੇਪਾਲ ਵਿੱਚ ਸਭ ਤੋਂ ਵਧੀਆ ਵਿਕਲਪ ਲੱਭਿਆ। 2023 ਵਿਚ ਦੋਵੇਂ ਕਾਠਮੰਡੂ ਵਿੱਚ 7 ਦਿਨ ਇਕੱਠੇ ਰਹੇ। ਇਸ ਤੋਂ ਬਾਅਦ ਸੀਮਾ ਫਿਰ ਤੋਂ ਨੇਪਾਲ ਦਾ ਟੂਰਿਸਟ ਵੀਜ਼ਾ ਲੈ ਕੇ 4 ਬੱਚਿਆਂ ਨਾਲ ਨੇਪਾਲ ਆਈ ਸੀ। ਉਸਨੇ ਪੁਲਿਸ ਨੂੰ ਦੱਸਿਆ ਕਿ ਉਹ ਹਮੇਸ਼ਾ ਲਈ ਸਚਿਨ ਨਾਲ ਭਾਰਤ ਵਿਚ ਰਹਿਣਾ ਚਾਹੁੰਦੀ ਸੀ। ਮਾਰਚ ਵਿਚ ਨੇਪਾਲ ਵਿਚ ਇਕੱਲੇ ਸਚਿਨ ਨੂੰ ਮਿਲਣ ਆਈ ਸੀ। ਸਚਿਨ ਦੇ ਨਾਲ ਰਹਿਣ ਦੀ ਗੱਲ ਹੋਈ। ਇਸ ਤੋਂ ਬਾਅਦ ਇਹ ਲੋਕ ਇੱਕ-ਦੋ ਵਾਰ ਨੇਪਾਲ ਵਿੱਚ ਹੀ ਮਿਲੇ ਸਨ।

ਸੀਮਾ ਦਾ ਪਹਿਲਾ ਵਿਆਹ 2014 ਵਿੱਚ ਹੋਇਆ ਸੀ। ਸੀਮਾ ਦੇ ਪਤੀ ਗੁਲਾਮ ਹੈਦਰ ਨਾਲ 4 ਬੱਚੇ ਹਨ। ਉਹ ਟਾਈਲਾਂ ਲਗਾਉਣ ਦਾ ਕੰਮ ਕਰਦਾ ਹੈ। ਸੀਮਾ ਦਾ ਇੱਕ ਭਰਾ ਪਾਕਿਸਤਾਨ ਫੌਜ ਵਿਚ ਦੱਸਿਆ ਜਾ ਰਿਹਾ ਹੈ। ਪੁਲਿਸ ਇਸ ਦੀ ਜਾਂਚ ਕਰ ਰਹੀ ਹੈ।

ਇਸ ਤੋਂ ਇਲਾਵਾ 2 ਵੀਡੀਓ ਕੈਸਟਾਂ, 4 ਮੋਬਾਈਲ, 1 ਸਿਮ, 1 ਟੁੱਟਿਆ ਹੋਇਆ ਮੋਬਾਈਲ, 4 ਜਨਮ ਸਰਟੀਫਿਕੇਟ, 3 ਆਧਾਰ ਕਾਰਡ, ਪਾਕਿਸਤਾਨ ਸਰਕਾਰ ਦੀ ਨੈਸ਼ਨਲ ਡਾਟਾਬੇਸ ਅਤੇ ਰਜਿਸਟ੍ਰੇਸ਼ਨ ਅਥਾਰਟੀ ਮੰਤਰਾਲੇ ਦੀ ਅੰਦਰੂਨੀ ਸੂਚੀ, 6 ਪਾਸਪੋਰਟ, 5 ਟੀਕਾਕਰਨ ਕਾਰਡ ਬਰਾਮਦ ਹੋਏ। ਬਾਰਡਰ, ਪੋਖਰਾ (ਕਾਠਮੰਡੂ) ਤੋਂ ਦਿੱਲੀ ਜਾਣ ਵਾਲੀ 1 ਬੱਸ ਦੀ ਟਿਕਟ ਬਰਾਮਦ ਹੋਈ ਹੈ। ਬਿਊਰੋ ਆਫ ਇਮੀਗ੍ਰੇਸ਼ਨ ਨੂੰ ਪੱਤਰ ਭੇਜ ਕੇ ਪਾਕਿਸਤਾਨੀ ਔਰਤ ਦੇ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇਗੀ। ਆਈ.ਬੀ., ਏ.ਟੀ.ਐੱਸ ਨੂੰ ਵੀ ਪੱਤਰ ਲਿਖੇ ਗਏ ਹਨ। ਮੋਬਾਈਲ ਨੂੰ ਫੋਰੈਂਸਿਕ ਜਾਂਚ ਲਈ ਭੇਜ ਦਿੱਤਾ ਗਿਆ ਹੈ।

## ਪਾਕਿਸਤਾਨ ਵਿਚ ਈਸਾਈ ਔਰਤ ਦਾ ਕਤਲ, ਇਕ ਸਾਲ ਪਹਿਲਾਂ ਪਤੀ ਦਾ ਵੀ ਕਰ ਦਿੱਤਾ ਗਿਆ ਸੀ ਕਤਲ



ਲਾਹੌਰ, 5 ਜੁਲਾਈ (ਪੋਸਟ ਬਿਊਰੋ): ਲਾਹੌਰ, ਪਾਕਿਸਤਾਨ ਵਿਚ ਇਸਲਾਮ ਨਾ ਅਪਣਾਉਣ ਕਾਰਣ ਇਕ ਈਸਾਈ ਔਰਤ ਦਾ ਕਤਲ ਕਰ ਦਿੱਤੀ ਗਿਆ। ਔਰਤ ਦੇ ਤਿੰਨ ਬੱਚੇ ਹਨ ਅਤੇ ਉਹ ਸਰਕਾਰੀ ਹਸਪਤਾਲ ਵਿਚ ਨਰਸ ਸੀ। ਮੀਡੀਆ ਰਿਪੋਰਟਾਂ ਮੁਤਾਬਕ ਪੀੜਤਾ ਦਾ ਨਾਂ ਸ਼ਾਜ਼ੀਆ ਇਮਰਾਨ ਸੀ।

ਸ਼ਾਜ਼ੀਆ ਦੇ ਪਤੀ ਦਾ ਵੀ ਇੱਕ ਸਾਲ ਪਹਿਲਾਂ ਕਤਲ ਹੋ ਗਿਆ ਸੀ ਅਤੇ ਹੁਣ ਤੱਕ ਉਸ ਦੇ ਕਾਤਲਾਂ ਦਾ ਕੋਈ ਸੁਰਾਗ ਨਹੀਂ ਲੱਗਾ ਹੈ। ਕੁਝ ਰਿਪੋਰਟਾਂ ਵਿਚ ਕਿਹਾ ਗਿਆ ਹੈ ਕਿ ਸ਼ਾਜ਼ੀਆ ਦਾ ਬਲਾਤਕਾਰ ਤੋਂ ਬਾਅਦ ਕਤਲ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਵੀ ਉਸ 'ਤੇ ਤੇਜ਼ਾਬੀ ਹਮਲਾ ਹੋਇਆ ਸੀ।

ਸ਼ਾਜ਼ੀਆ ਦਾ ਮੰਗਲਵਾਰ ਨੂੰ ਕਤਲ ਕਰ ਦਿੱਤਾ ਗਿਆ ਸੀ। ਉਸ ਸਮੇਂ ਉਹ ਤਿੰਨ ਬੱਚਿਆਂ ਨਾਲ ਆਪਣੇ ਘਰ ਵਿਚ ਸੀ। ਘਟਨਾ ਲਾਹੌਰ ਦੇ ਮੇਹਰ ਟਾਊਨ ਇਲਾਕੇ ਦੀ ਹੈ। ਇਹ ਇਲਾਕਾ ਬਹੁਤ ਪੌਸ਼ ਮੰਨਿਆ ਜਾਂਦਾ ਹੈ।

ਪੀੜਤ ਦੇ ਭਰਾ ਜ਼ਫਰ ਨੇ ਦੱਸਿਆ ਕਿ ਘਟਨਾ ਦੇ ਸਮੇਂ ਮੇਰੀ ਭੈਣ ਘਰ ਵਿਚ ਇਕੱਲੀ ਸੀ। ਪਹਿਲਾਂ ਉਸ ਨੂੰ ਅਗਵਾ ਕੀਤਾ ਗਿਆ। ਇਸ ਤੋਂ ਬਾਅਦ ਬਲਾਤਕਾਰ ਹੋਇਆ ਅਤੇ ਅੰਤ ਵਿਚ ਕਾਤਲਾਂ ਨੇ ਉਸ 'ਤੇ ਤੇਜ਼ਾਬ ਪਾ ਕੇ ਉਸ ਨੂੰ ਸਾੜ ਦਿੱਤਾ। ਮੰਨਿਆ ਜਾ ਰਿਹਾ ਹੈ ਕਿ ਇਹ ਕਤਲ ਗੁੱਜਰ ਅਤੇ ਉਸ ਦੇ ਸਾਥੀਆਂ ਨੇ ਕੀਤਾ ਹੈ। ਉਹ ਇਸ ਇਲਾਕੇ ਦੇ ਵੱਡੇ ਆਗੂ ਹਨ। ਮਾਨੀ ਕਈ ਦਿਨਾਂ ਤੋਂ ਮੇਰੀ ਭੈਣ ਨੂੰ ਇਸਲਾਮ ਕਬੂਲ ਕਰਨ ਅਤੇ ਉਸ ਨਾਲ ਵਿਆਹ ਕਰਨ ਲਈ ਦਬਾਅ ਪਾ ਰਿਹਾ ਸੀ।

ਜ਼ਫਰ ਨੇ ਅੱਗੇ ਕਿਹਾ ਕਿ ਸ਼ਾਜ਼ੀਆ ਨੇ ਗੁੱਜਰ ਦੇ ਡਰ ਕਾਰਨ ਮੈਨੂੰ ਕਦੇ ਵੀ ਇਸ ਮਾਮਲੇ ਦੀ ਸੱਚਾਈ ਨਹੀਂ ਦੱਸੀ। ਉਸ ਨੂੰ ਲੱਗਾ ਕਿ ਇਸ ਨਾਲ ਪੂਰਾ ਪਰਿਵਾਰ ਤਬਾਹ ਹੋ ਜਾਵੇਗਾ। ਸ਼ਾਜ਼ੀਆ ਦੇ ਪਤੀ ਇਮਰਾਨ ਦਾ ਇੱਕ ਸਾਲ ਪਹਿਲਾਂ ਕਤਲ ਹੋ ਗਿਆ ਸੀ ਅਤੇ ਇਹ ਵੀ ਮਾਨੀ ਨੇ ਹੀ ਕੀਤਾ ਸੀ।

## ਤਾਲਿਬਾਨ ਨੇ ਅਫਗਾਨਿਸਤਾਨ ਵਿਚ ਬਿਊਟੀ ਪਾਰਲਰ 'ਤੇ ਲਾਈ ਪਾਬੰਦੀ, ਇਕ ਮਹੀਨੇ ਵਿਚ ਸਾਰੇ ਬਿਊਟੀ ਸੈਲੂਨ ਬੰਦ ਕਰਨ ਲਈ ਕਿਹਾ



ਕਾਬੁਲ, 5 ਜੁਲਾਈ (ਪੋਸਟ ਬਿਊਰੋ): ਅਫਗਾਨਿਸਤਾਨ ਦੀ ਸਰਕਾਰ 'ਤੇ ਕਬਜ਼ਾ ਕਰਨ ਵਾਲੇ ਅੱਤਵਾਦੀ ਸੰਗਠਨ ਤਾਲਿਬਾਨ ਨੇ ਦੇਸ਼ ਦੇ ਸਾਰੇ ਬਿਊਟੀ ਪਾਰਲਰ ਬੰਦ ਕਰਨ ਦਾ ਹੁਕਮ ਜਾਰੀ ਕੀਤਾ ਹੈ। ਬਿਊਟੀ ਪਾਰਲਰ ਚਲਾਉਣ ਵਾਲੀਆਂ ਔਰਤਾਂ ਨੂੰ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਹੈ। ਹਾਲਾਂਕਿ ਇਸ ਪਾਬੰਦੀ ਦਾ ਕਾਰਨ ਨਹੀਂ ਦੱਸਿਆ ਗਿਆ ਹੈ।

ਤਾਲਿਬਾਨ ਨੇ 15 ਅਗਸਤ 2021 ਨੂੰ ਕਾਬੁਲ ਦੇ ਨਾਲ-ਨਾਲ ਪੂਰੇ ਅਫਗਾਨਿਸਤਾਨ 'ਤੇ ਕਬਜ਼ਾ ਕਰ ਲਿਆ। ਉਦੋਂ ਤੋਂ ਲੈ ਕੇ ਹੁਣ ਤੱਕ ਇਸ ਨੇ ਲੜਕੀਆਂ ਅਤੇ ਔਰਤਾਂ ਦੇ ਸਿੱਖਿਆ ਅਤੇ ਨੌਕਰੀਆਂ ਨਾਲ ਸਬੰਧਤ ਸਾਰੇ ਅਧਿਕਾਰ ਖੋਹ ਲਏ ਹਨ।

ਤਾਲਿਬਾਨ ਦੇ ਗ੍ਰਹਿ ਮੰਤਰਾਲੇ ਨੇ ਬਿਊਟੀ ਪਾਰਲਰ 'ਤੇ ਪਾਬੰਦੀ ਲਗਾਉਣ ਦੇ ਹੁਕਮ ਦੀ ਪੁਸ਼ਟੀ ਕੀਤੀ ਹੈ। ਅਫਗਾਨਿਸਤਾਨ ਵਿੱਚ ਹਜ਼ਾਰਾਂ ਬਿਊਟੀ ਪਾਰਲਰ ਹਨ। ਇਨ੍ਹਾਂ ਦੀ ਮਲਕੀਅਤ ਸਿਰਫ਼ ਔਰਤਾਂ ਕੋਲ ਹੈ। ਇਸ ਫ਼ਰਮਾਨ ਨਾਲ ਇਨ੍ਹਾਂ ਔਰਤਾਂ ਦਾ ਰੁਜ਼ਗਾਰ ਖੋਹ ਲਿਆ ਜਾਵੇਗਾ। ਜ਼ਿਆਦਾਤਰ ਪਾਰਲਰ ਘਰਾਂ ਵਿੱਚ ਔਰਤਾਂ ਵਲੋਂ ਖੋਲ੍ਹੇ ਗਏ ਸਨ ਅਤੇ ਇੱਥੇ ਕਿਸੇ ਵੀ ਮਰਦ ਦੇ ਦਾਖ਼ਲੇ 'ਤੇ ਸਖ਼ਤ ਪਾਬੰਦੀ ਸੀ।

ਹੈਰਾਨੀ ਦੀ ਗੱਲ ਹੈ ਕਿ ਤਾਲਿਬਾਨ ਸਰਕਾਰ ਨੇ ਹਾਲੇ ਤੱਕ ਬਿਊਟੀ ਪਾਰਲਰ ਨੂੰ ਬੰਦ ਕਰਨ ਦੇ ਫੈਸਲੇ ਦਾ ਕਾਰਨ ਨਹੀਂ ਦੱਸਿਆ ਹੈ। ਜਦੋਂ ਨਿਊਜ਼ ਏਜੰਸੀ ਨੇ ਇਸ ਬਾਰੇ ਸਵਾਲ ਕੀਤਾ ਤਾਂ ਤਾਲਿਬਾਨ ਵਲੋਂ ਕਿਹਾ ਗਿਆ ਕਿ ਇਕ ਮਹੀਨਾ ਲੰਘਣ ਦਿਓ, ਕਾਰਨ ਉਸ ਤੋਂ ਬਾਅਦ ਹੀ ਦੱਸਿਆ ਜਾਵੇਗਾ।

20 ਸਾਲਾਂ ਤੋਂ ਅਫਗਾਨਿਸਤਾਨ ਵਿੱਚ ਹਜ਼ਾਰਾਂ ਬਿਊਟੀ ਪਾਰਲਰ ਸਨ। ਉਦੋਂ ਤਾਲਿਬਾਨ ਨੇ ਕਈ ਵਾਰ ਕਿਹਾ ਸੀ ਕਿ ਇਹ ਪਾਰਲਰ ਬੇਕਾਰ ਗੱਲਾਂ ਅਤੇ ਗੱਪਾਂ ਲਈ ਵਰਤੇ ਜਾਂਦੇ ਹਨ।

ਤਾਲਿਬਾਨ ਦੇ ਫੈਸਲੇ ਤੋਂ ਬਾਅਦ ਕਾਬੁਲ ਦੇ ਇੱਕ ਬਿਊਟੀ ਪਾਰਲਰ ਦੇ ਮੈਨੇਜਰ ਨੇ ਕਿਹਾ ਕਿ ਤਾਲਿਬਾਨ ਨੇ ਅਫਗਾਨਿਸਤਾਨ ਤੋਂ ਔਰਤਾਂ ਨੂੰ ਕੱਢ ਦਿੱਤਾ ਹੁੰਦਾ ਤਾਂ ਚੰਗਾ ਹੁੰਦਾ। ਉਨ੍ਹਾਂ ਦੀ ਹੋਂਦ ਹੀ ਖਤਮ ਹੋ ਜਾਂਦੀ। ਹੁਣ ਮੌਤ ਬਿਹਤਰ ਹੈ। ਚੰਗਾ ਹੁੰਦਾ ਜੇ ਅਸੀਂ ਅਫਗਾਨਿਸਤਾਨ ਵਿਚ ਜਨਮ ਨਾ ਲਿਆ ਹੁੰਦਾ।

ਤਾਲਿਬਾਨ ਸਰਕਾਰ ਨੇ ਬਿਊਟੀ ਪਾਰਲਰ ਬੰਦ ਕਰਨ ਲਈ ਲੈਟਰ ਹੈੱਡ 'ਤੇ ਹੁਕਮ ਜਾਰੀ ਕੀਤਾ ਹੈ। ਇਸ 'ਤੇ ਸੁਪਰੀਮ ਲੀਡਰ ਹਿਬਤੁੱਲ੍ਹਾ ਅਖੁੰਦਜ਼ਾਦਾ ਦੇ ਦਸਤਖਤ ਹਨ।

## ਵਿਜੀਲੈਂਸ ਵੱਲੋਂ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਵਿੱਚ ਗਿਰਦਾਵਰ ਕਾਬੂ



ਚੰਡੀਗੜ੍ਹ, 5 ਜੁਲਾਈ (ਗਿਆਨ ਸਿੰਘ): ਸੂਬੇ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਹੁਸ਼ਿਆਰਪੁਰ ਜ਼ਿਲ੍ਹੇ ਦੇ ਤਹਿਸੀਲ ਦਫ਼ਤਰ ਦਸੂਹਾ ਵਿਖੇ ਤਾਇਨਾਤ ਗਿਰਦ-ਾਵਰ/ਕਾਨੂੰਨਗੋ ਮਨਜੀਤ ਸਿੰਘ ਨੂੰ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਉੱਚੀ ਬੱਸੀ ਦੇ ਵਾਸੀ ਰਾਮਪਾਲ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ 21 ਜੂਨ, 2023 ਨੂੰ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਤੇ ਸ਼ਿਕਾਇਤ ਦਰਜ ਕਰਵਾਈ ਕਿ ਉਕਤ ਮੁਲਾਜ਼ਮ ਨੇ ਜ਼ਮੀਨ ਦਾ ਇੰਤਕਾਲ ਕਰਨ ਬਦਲੇ 10,000 ਰੁਪਏ ਰਿਸ਼ਵਤ ਮੰਗੀ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਜਾਂਚ ਉਪਰੰਤ ਅੱਜ ਥਾਣਾ ਵਿਜੀਲੈਂਸ ਬਿਊਰੋ, ਜਲੰਧਰ ਰੇਂਜ ਵਿੱਚ ਉਕਤ ਗਿਰਦਾਵਰ/ਕਾਨੂੰਨਗੋ ਨੂੰ ਸ਼ਿਕ-ਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਉਕਤ ਗਿਰਦਾਵਰ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਥਾਣਾ ਵਿਜੀਲੈਂਸ ਬਿਊਰੋ, ਜਲੰਧਰ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।




ੴ ਸਤਿਗੁਰ ਪ੍ਰਸਾਦਿ ॥
ਗੁਰਮੁਖਿ ਜਨਮ ਸਵਾਰਿ ਦਰਗਹਿ ਚਲਿਆ ॥
ਸੱਚੀ ਦਰਗਹਿ ਜਾਇ ਸਚਾ ਪਿੜ ਮਲਿਆ ॥

ੴ

ਸ. ਤਰਲੋਚਨ ਸਿੰਘ ਗਿੱਲ (ਗਾਲਿਬ ਕਲਾਂ)
ਵੱਲੋਂ
ਆਪ ਜੀ ਨੂੰ ਬੇਨਤੀ ਹੈ ਕਿ ਉਹਨਾਂ ਦੀ ਧਰਮਪਤਨੀ

DECEMBER 1941 - JULY 2021

ਸਰਦਾਰਨੀ ਕੁਲਦੀਪ ਕੌਰ ਗਿੱਲ
ਜੋ ਕਿ ਦੋ ਸਾਲ ਪਹਿਲਾਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦੀ
ਆਤਮਿਕ ਸ਼ਾਂਤੀ ਦੇ ਸਬੰਧ ਵਿੱਚ

ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ

ਦਿੱਤੇ ਪ੍ਰੋਗਰਾਮ ਅਨੁਸਾਰ ਪਵੇਗਾ । ਸੋ ਆਪ ਜੀ ਨੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ । ਅਤੀ ਧੰਨਵਾਦੀ ਹੋਵਾਗੇ ਜੀ ।

ਪ੍ਰੋਗਰਾਮ

7 ਜੁਲਾਈ 2023, ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ.......1.30 ਵਜੇ ਦੁਪਿਹਰ

9 ਜੁਲਾਈ 2023, ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ..........1.00 ਵਜੇ ਦੁਪਿਹਰ
ਕੀਰਤਨ ................................ 2.00 ਵਜੇ ਦੁਪਿਹਰ
ਗੁਰੂ ਕਾ ਲੰਗਰ............................3.00 ਵਜੇ ਦੁਪਿਹਰ

ਸਥਾਨ: ਸ਼੍ਰੀ ਗੁਰੂ ਸਿੰਘ ਸਭਾ ਮਾਲਟਨ
Sri Guru Singh Sabha Malton
7280 Airport Rd, Mississauga, ON L4T 2H3

ਸਮੂਹ ਗਿੱਲ ਪਰਿਵਾਰ
+1 416-802-7377, +1 416-735-7737
+1 416-880-9785
E-mail: tgill@imchd.com

Design by: ਡੋਗਰਾ ਪ੍ਰਿੰਟਰਜ਼, ਲਿੰਕ ਰੋਡ, ਜਗਰਾਉਂ #98784-03812



VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ
6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।

# ਕੈਨੇਡਾ ਅਤੇ ਆਸਟ੍ਰੇਲੀਆ ਨੇ ਕਿਹਾ: ਭਾਰਤੀ ਡਿਪਲੋਮੈਟਾਂ ਨੂੰ ਦਿੱਤੀ ਜਾਵੇਗੀ ਪੂਰੀ ਸੁਰੱਖਿਆ

ਟੋਰਾਂਟੋ, 5 ਜੁਲਾਈ (ਪੋਸਟ ਬਿਊਰੋ): ਕੈਨੇਡਾ ਵਿਚ ਭਾਰਤੀ ਡਿਪਲੋਮੈਟਾਂ 'ਤੇ ਹਮਲੇ ਦੀ ਧਮਕੀ ਦੇਣ ਵਾਲੇ ਖਾਲਿਸਤਾਨ ਸਮਰਥਕਾਂ 'ਤੇ ਲਗਾਮ ਲਾਈ ਜਾਵੇਗੀ। ਕੈਨੇਡਾ ਦੀ ਵਿਦੇਸ਼ ਮੰਤਰੀ ਮੇਲਾਨੀਆ ਜੋਲੀ ਨੇ ਮੰਗਲਵਾਰ ਨੂੰ ਕਿਹਾ ਕਿ ਅਸੀਂ ਵੀਏਨਾ ਕਨਵੈਨਸ਼ਨ ਦਾ ਹਿੱਸਾ ਹਾਂ। ਇਸ ਲਈ ਭਾਰਤ ਦੇ ਡਿਪਲੋਮੈਟਾਂ ਦੀ ਸੁਰੱਖਿਆ ਦੇ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਇਸ ਤੋਂ ਬਾਅਦ ਆਸਟ੍ਰੇਲੀਆ ਦੇ ਵਿਦੇਸ਼ ਮੰਤਰਾਲੇ ਨੇ ਵੀ ਬਿਲਕੁਲ ਇਹੀ ਬਿਆਨ ਜਾਰੀ ਕੀਤਾ ਹੈ।

ਸੋਮਵਾਰ ਨੂੰ ਭਾਰਤ ਦੇ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੇ ਆਪਣੇ ਡਿਪਲੋਮੈਟਾਂ 'ਤੇ ਹਮਲੇ ਦੀ ਧਮਕੀ 'ਤੇ ਸਖਤ ਰੁਖ ਅਪਣਾਇਆ ਸੀ। ਉਨ੍ਹਾਂ ਨੇ ਕੈਨੇਡਾ, ਅਮਰੀਕਾ ਅਤੇ ਬਰਤਾਨੀਆ ਨੂੰ ਸਪੱਸ਼ਟ ਕਿਹਾ ਸੀ ਕਿ ਖਾਲਿਸਤਾਨ ਸਮਰਥਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਛੋਟ ਨਾ ਦਿੱਤੀ ਜਾਵੇ।

ਸੋਮਵਾਰ ਨੂੰ ਜੈਸ਼ੰਕਰ ਨੇ ਕੈਨੇਡਾ ਵਿੱਚ ਖਾਲਿਸਤਾਨੀਆਂ ਦੀਆਂ ਕਾਰਵਾਈਆਂ 'ਤੇ ਸਖ਼ਤ ਨਾਰਾਜ਼ਗੀ ਜ਼ਾਹਰ ਕਰਦੇ ਹੋਏ ਇੱਕ ਡਿਪਲੋਮੈਟਿਕ ਨੋਟ (ਡੀਮਾਰਸ਼ੇ) ਜਾਰੀ ਕੀਤਾ। ਇਸ ਵਿੱਚ ਕਿਹਾ ਗਿਆ ਸੀ ਕਿ ਭਾਰਤ ਸਰਕਾਰ ਖਾਲਿਸਤਾਨ ਦੀ ਮੰਗ ਨੂੰ ਬੜਾਵਾ ਦੇਣ ਵਾਲਿਆਂ ਅਤੇ ਇਨ੍ਹਾਂ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕਰੇਗੀ। ਇਸ ਨਾਲ ਦੋਵਾਂ ਦੇਸ਼ਾਂ ਦੇ ਰਿਸ਼ਤੇ ਵਿਗੜ ਸਕਦੇ ਹਨ। ਇਸ ਬਿਆਨ ਤੋਂ ਥੋੜ੍ਹੀ ਦੇਰ ਬਾਅਦ, ਕੈਨੇਡੀਅਨ ਵਿਦੇਸ਼ ਮੰਤਰੀ ਨੇ ਜੈਸ਼ੰਕਰ ਨਾਲ ਫੋਨ 'ਤੇ ਗੱਲਬਾਤ ਕੀਤੀ।



ਇਸ ਗੱਲਬਾਤ ਤੋਂ ਬਾਅਦ ਮੰਗਲਵਾਰ ਨੂੰ ਮੇਲਾਨੀਆ ਜੋਲੀ ਦਾ ਬਿਆਨ ਆਇਆ। ਉਨ੍ਹਾਂ ਕਿਹਾ ਕਿ ਅਸੀਂ ਵੀਏਨਾ ਕਨਵੈਨਸ਼ਨ ਦਾ ਹਿੱਸਾ ਹਾਂ। ਇਸ ਲਈ ਭਾਰਤ ਦੇ ਡਿਪਲੋਮੈਟਾਂ ਦੀ ਸੁਰੱਖਿਆ ਦੇ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਬਾਅਦ ਵਿੱਚ ਆਸਟ੍ਰੇਲੀਆ ਨੇ ਵੀ ਇਹੀ ਬਿਆਨ ਜਾਰੀ ਕੀਤਾ।

ਜੋਲੀ ਨੇ ਅੱਗੇ ਕਿਹਾ ਕਿ ਸਾਡੀ ਸਰਕਾਰ ਭਾਰਤ ਨਾਲ ਲਗਾਤਾਰ ਗੱਲਬਾਤ ਕਰ ਰਹੀ ਹੈ। ਅਸੀਂ ਜਾਣਦੇ ਹਾਂ ਕਿ ਭਾਰਤ ਖਿਲਾਫ ਕੁਝ ਆਨਲਾਈਨ ਗਤੀਵਿਧੀਆਂ ਚੱਲ ਰਹੀਆਂ ਹਨ। ਕੁਝ ਲੋਕਾਂ ਦੀਆਂ ਕਾਰਵਾਈਆਂ ਨੂੰ ਸਮੁੱਚੇ ਸਮਾਜ ਦੀ ਵਿਚਾਰਧਾਰਾ ਨਹੀਂ ਸਮਝਣਾ ਚਾਹੀਦਾ।

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

NEED A LAWYER ??
Red Seal NOTARY
KAUR LAW OFFICE
MANJEET KAUR
LL.B., (London UK)
Barrister, Solicitor & Notary Public
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
Gore Rd
Squire Ellis Dr
Countryside Dr

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Marriage
Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀਂ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਮੁੱਖ ਮੰਤਰੀ ਨੇ ਪੰਜਾਬ ਵਿੱਚ 10ਵਾਂ ਟੋਲ ਪਲਾਜ਼ਾ ਟੋਲ ਮੁਕਤ ਕਰਵਾਇਆ

*** ਹੁਣ ਤੱਕ 10 ਟੋਲ ਪਲਾਜ਼ੇ ਬੰਦ ਹੋਣ ਨਾਲ ਲੋਕਾਂ ਦੇ ਰੋਜ਼ਾਨਾ ਬਚ ਰਹੇ ਹਨ 44.43 ਲੱਖ ਰੁਪਏ ***
**ਸਿੰਘਾਂਵਾਲਾ ਟੋਲ ਪਲਾਜ਼ਾ ਬੰਦ ਹੋਣ ਨਾਲ ਲੋਕਾਂ ਦੇ ਹਰ ਰੋਜ਼ ਬਚਣਗੇ 4.61 ਲੱਖ ਰੁਪਏ**



ਚੰਡੀਗੜ੍ਹ, 5 ਜੁਲਾਈ (ਗਿਆਨ ਸਿੰਘ): ਲੋਕਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਪਿੰਡ ਚੰਦਪੁਰਾਣਾ ਨੇੜੇ ਮੋਗਾ-ਕੋਟਕਪੂਰਾ ਰੋਡ ਉਤੇ ਸੂਬੇ ਵਿਚ 10ਵਾਂ ਟੋਲ ਪਲਾਜ਼ਾ ਬੰਦ ਕਰਵਾਇਆ। ਪੰਜਾਬ ਵਿਚ ਹੁਣ ਤੱਕ 10 ਟੋਲ ਪਲਾਜ਼ੇ ਬੰਦ ਹੋਣ ਨਾਲ ਆਮ ਲੋਕਾਂ ਦੀ ਰੋਜ਼ਾਨਾ 44.43 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ।

ਸਿੰਘਾਵਾਲਾ ਟੋਲ ਪਲਾਜ਼ਾ ਬੰਦ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ 10 ਟੋਲ ਪਲਾਜ਼ਿਆਂ ਤੋਂ ਲੰਘਣ ਮੌਕੇ ਲੋਕਾਂ ਨੂੰ ਰੋਜ਼ਾਨਾ 44.43 ਲੱਖ ਰੁਪਏ ਟੋਲ ਵਜੋਂ ਅਦਾ ਕਰਨੇ ਪੈਂਦੇ ਸਨ। ਉਨ੍ਹਾਂ ਕਿਹਾ ਕਿ ਹੁਣ ਇਹ ਟੋਲ ਬੰਦ ਹੋਣ ਨਾਲ ਲੋਕਾਂ ਨੂੰ ਬਹੁਤ ਵੱਡੀ ਆਰਥਿਕ ਰਾਹਤ ਮਿਲੀ ਹੈ। ਭਗਵੰਤ ਮਾਨ ਨੇ ਕਿਹਾ ਕਿ ਮੋਗਾ-ਕੋਟਕਪੂਰਾ ਮਾਰਗ ਉਤੇ ਪੈਂਦੇ ਇਸ ਸਿੰਘਾਵਾਲਾ ਟੋਲ ਪਲਾਜ਼ੇ ਤੋਂ ਲੰਘਣ ਮੌਕੇ ਲੋਕਾਂ ਨੂੰ ਰੋਜ਼ਾਨਾ 4.68 ਲੱਖ ਰੁਪਏ ਟੋਲ ਦੇਣਾ ਪੈਂਦਾ ਸੀ ਜਿਸ ਕਰਕੇ ਟੋਲ ਬੰਦ ਹੋਣ ਨਾਲ ਲੋਕਾਂ ਦੇ ਇਹ ਪੈਸੇ ਹੁਣ ਬਚਣਗੇ।

ਮੁੱਖ ਮੰਤਰੀ ਨੇ ਦੁੱਖ ਜ਼ਾਹਰ ਕੀਤਾ ਕਿ ਅਸਲ ਵਿਚ ਇਹ ਟੋਲ ਪਲਾਜ਼ੇ ਆਮ ਲੋਕਾਂ ਨੂੰ ਲੁੱਟਣ ਵਾਲੀਆਂ ਦੁਕਾਨਾਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਟੋਲ ਪਲਾਜ਼ਿਆਂ ਨੇ ਲੋਕਾਂ ਦਾ ਆਰਥਿਕ ਸ਼ੋਸ਼ਣ ਕਰਨ ਲਈ ਸਰਕਾਰ ਨਾਲ ਹੋਏ ਸਮਝੌਤਿਆਂ ਦੇ ਨਿਯਮਾਂ ਦੀਆਂ ਰੱਜ ਕੇ ਧੱਜੀਆਂ ਉਡਾਈਆਂ ਹਨ। ਭਗਵੰਤ ਮਾਨ ਨੇ ਕਿਹਾ ਕਿ ਇਹ ਬਹੁਤ ਹੈਰਾਨੀ ਵਾਲੀ ਗੱਲ ਹੈ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੇ ਹਿੱਤ ਵਿਚ ਟੋਲ ਪ੍ਰਬੰਧਕਾਂ ਉਤੇ ਕੋਈ ਕਾਰਵਾਈ ਕਰਨ ਦੀ ਬਜਾਏ ਉਲਟਾ ਇਨ੍ਹਾਂ ਦੀ ਪੁਸ਼ਤਪਨਾਹੀ ਕੀਤੀ ਅਤੇ ਲੋਕਾਂ ਦੀ ਹੁੰਦੀ ਲੁੱਟ ਵੱਲ ਜਾਣਬੁੱਝ ਕੇ ਕੋਈ ਧਿਆਨ ਨਹੀਂ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਲੋਕ ਆਪਣੇ ਹਿੱਤਾਂ ਦੀ ਰਾਖੀ ਲਈ ਸਰਕਾਰਾਂ ਚੁਣਦੇ ਹਨ ਪਰ ਸੱਤਾ ਵਿਚ ਅੰਨ੍ਹੇ ਹੋਏ ਸਿਆਸਤਦਾਨਾਂ ਨੇ ਅਜਿਹੇ ਡਿਫਾਲਟਰਾਂ ਨੂੰ ਸਿਰਫ਼ ਆਪਣੇ ਸਵਾਰਥਾਂ ਲਈ ਢਾਲ ਬਣਾਇਆ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਇਨ੍ਹਾਂ ਟੋਲ ਪਲਾਜ਼ਿਆਂ ਦੀਆਂ ਉਣਤਾਈਆਂ ਨੂੰ ਨਜ਼ਰਅੰਦਾਜ਼ ਕੀਤਾ ਅਤੇ ਆਮ ਲੋਕਾਂ ਦੀ ਪ੍ਰਵਾਹ ਕੀਤੇ ਬਿਨਾਂ ਇਨ੍ਹਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਪੈਸਾ ਵਸੂਲਣ ਦੀ ਖੁੱਲ੍ਹ ਦਿੱਤੀ। ਭਗਵੰਤ ਮਾਨ ਨੇ ਕਿਹਾ ਕਿ ਹੁਣ ਤੱਕ ਬੰਦ ਕੀਤੇ ਗਏ ਕਿਸੇ ਵੀ ਟੋਲ ਪਲਾਜ਼ੇ 'ਤੇ ਸਮਝੌਤੇ ਵਿਚ ਵਿਵਸਥਾ ਹੋਣ ਦੇ ਬਾਵਜੂਦ ਐਂਬੂਲੈਂਸ ਜਾਂ ਰਿਕਵਰੀ ਵੈਨ ਦੀ ਸਹੂਲਤ ਨਜ਼ਰ ਨਹੀਂ ਆਈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਟੋਲ ਪਲਾਜ਼ਾ ਦਾ ਸਮਝੌਤਾ ਕੈਪਟਨ ਸਰਕਾਰ ਵੇਲੇ 25 ਸਤੰਬਰ, 2006 ਨੂੰ ਹੋਇਆ ਸੀ ਅਤੇ ਸਾਢੇ ਸੋਲਾਂ ਸਾਲਾਂ ਲਈ ਟੋਲ ਲਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਕੰਪਨੀ ਵੱਲੋਂ ਸੜਕ ਉਤੇ ਪਹਿਲੀ ਵਾਰ ਲੁੱਕ ਪਾਉਣ ਦੇ ਕੰਮ ਵਿਚ 158 ਦਿਨ ਦੀ ਦੇਰੀ ਕੀਤੀ ਗਈ ਸੀ ਜਿਸ ਕਰਕੇ ਕੰਪਨੀ ਨੂੰ 2.48 ਕਰੋੜ ਰੁਪਏ ਦਾ ਜੁਰਮਾਨਾ ਕੀਤਾ ਗਿਆ। ਭਗਵੰਤ ਮਾਨ ਨੇ ਕਿਹਾ ਕਿ ਉਸ ਮੌਕੇ ਦੀ ਸਰਕਾਰ ਵੱਲੋਂ ਕੰਪਨੀ ਤੋਂ ਇਹ ਜੁਰਮਾਨਾ ਕਦੇ ਵੀ ਵਸੂਲ ਨਹੀਂ ਕੀਤਾ ਗਿਆ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਮਝੌਤੇ ਦੇ ਤਹਿਤ ਇਹ ਟੋਲ 10 ਨਵੰਬਰ, 2019 ਨੂੰ ਬੰਦ ਕੀਤਾ ਜਾ ਸਕਦਾ ਸੀ ਕਿਉਂਕਿ ਜਦੋਂ ਦੂਜੀ ਵਾਰ ਲੁੱਕ ਪਾਉਣ ਦੇ ਕੰਮ ਵਿਚ ਮੁੜ ਦੇਰੀ ਕੀਤੀ ਗਈ ਸੀ ਅਤੇ ਇਸ ਗਲਤੀ ਲਈ ਕੰਪਨੀ 'ਤੇ 3.89 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਇਹ ਸਮਝੌਤੇ ਦੀ ਸਰਕਾਰ ਉਲੰਘਣਾ ਸੀ ਕਿਉਂਕਿ ਜੇਕਰ ਜੁਰਮਾਨੇ ਦੀ ਰਕਮ 3.11 ਕਰੋੜ ਰੁਪਏ ਤੋਂ ਵੱਧ ਹੁੰਦੀ ਹੈ ਤਾਂ ਸਰਕਾਰ ਵੱਲੋਂ ਸਮਝੌਤਾ ਖਤਮ ਕੀਤਾ ਜਾ ਸਕਦਾ ਸੀ। ਭਗਵੰਤ ਮਾਨ ਨੇ ਕਿਹਾ ਕਿ ਅਜਿਹਾ ਕਦੇ ਨਹੀਂ ਹੁੰਦਾ ਕਿ ਸੱਤਾਧਾਰੀ ਲੋਕਾਂ ਨੇ ਕੰਪਨੀ ਨੂੰ ਨਿਯਮਾਂ ਦੀ ਉਲੰਘਣਾ ਕਰਨ ਲਈ ਖੁੱਲ੍ਹੀ ਛੁੱਟੀ ਦਿੱਤੀ ਹੋਵੇ।

ਮੁੱਖ ਮੰਤਰੀ ਨੇ ਕਿਹਾ ਕਿ ਸੱਤਾ ਵਿਚ ਆਉਣ ਤੋਂ ਬਾਅਦ ਉਨ੍ਹਾਂ ਦੀ ਸਰਕਾਰ ਨੇ ਇਨ੍ਹਾਂ ਟੋਲ ਪਲਾਜ਼ਿਆਂ ਨੂੰ ਬੰਦ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਸੀ, ਜਿਸ ਅਨੁਸਾਰ ਇਹ ਟੋਲ ਪਲਾਜ਼ੇ ਬੰਦ ਕਰ ਦਿੱਤੇ ਗਏ ਹਨ। ਇਸ ਬਾਰੇ ਗੁੰਮਰਾਹਕੁੰਨ ਬਿਆਨ ਦੇਣ ਲਈ ਕਾਂਗਰਸੀ ਆਗੂਆਂ 'ਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸੀ ਆਗੂ ਲੋਕਾਂ ਨੂੰ ਇਹ ਸਪੱਸ਼ਟ ਕਰਨ ਕਿ ਉਨ੍ਹਾਂ ਦੇ ਕਾਰਜਕਾਲ ਦੌਰਾਨ ਇਨ੍ਹਾਂ ਟੋਲ ਪਲਾਜ਼ਿਆਂ ਨੂੰ ਬੰਦ ਕਿਉਂ ਨਹੀਂ ਕੀਤਾ ਗਿਆ ਸੀ। ਭਗਵੰਤ ਮਾਨ ਨੇ ਕਿਹਾ ਕਿ ਅਸਲ ਵਿੱਚ ਕਾਂਗਰਸ ਨੇ ਇਨ੍ਹਾਂ ਟੋਲ ਪਲਾਜ਼ਿਆਂ ਦੀ ਸਰਪ੍ਰਸਤੀ ਕੀਤੀ ਸੀ, ਜਿਸ ਕਾਰਨ ਉਨ੍ਹਾਂ ਨੇ ਕਦੇ ਵੀ ਕਸੂਰਵਾਰ ਟੋਲ ਕੰਪਨੀਆਂ ਵਿਰੁੱਧ ਕਾਰਵਾਈ ਨਹੀਂ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਟੋਲ ਬੰਦ ਕਰਵਾਉਣ ਦਾ ਉਦੇਸ਼ ਸ਼ੋਹਰਤ ਖੱਟਣਾ ਨਹੀਂ ਹੈ ਸਗੋਂ ਇਸ ਦਾ ਮਨੋਰਥ ਲੋਕਾਂ ਨੂੰ ਰਾਹਤ ਦੇਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਟੋਲ ਚਲਾਉਣ ਵਾਲੀ ਕੰਪਨੀ ਕਿਸਾਨ ਅੰਦੋਲਨ ਅਤੇ ਕੋਵਿਡ ਮਹਾਂਮਾਰੀ ਦੇ ਬਹਾਨੇ ਮਿਆਦ ਵਧਾਉਣ ਦੀ ਮੰਗ ਕਰ ਰਹੀ ਸੀ ਪਰ ਉਨ੍ਹਾਂ ਦੀ ਸਰਕਾਰ ਨੇ ਇਸ ਤੋਂ ਸਾਫ਼ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਕੰਪਨੀ ਨੂੰ 60 ਦਿਨ ਪਹਿਲਾਂ ਨੋਟਿਸ ਦੇਣਾ ਜ਼ਰੂਰੀ ਹੁੰਦਾ ਹੈ, ਜਿਸ ਕਾਰਨ ਉਨ੍ਹਾਂ ਨੇ ਕੰਪਨੀ ਨੂੰ ਨੋਟਿਸ ਦੇ ਕੇ ਅੱਜ ਟੋਲ ਪਲਾਜ਼ਾ ਬੰਦ ਕਰ ਦਿੱਤਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਕੰਮ ਪਹਿਲਾਂ ਹੋ ਜਾਣਾ ਚਾਹੀਦਾ ਸੀ ਪਰ ਉਨ੍ਹਾਂ ਤੋਂ ਪਹਿਲੀਆਂ ਸਰਕਾਰ ਦੇ ਸਿਆਸਤਦਾਨਾਂ ਨੇ ਲੋਕਾਂ ਦੇ ਹਿੱਤਾਂ ਦੀ ਰਾਖੀ ਕਰਨ ਲਈ ਕੋਈ ਕਦਮ ਚੁੱਕਿਆ ਸਗੋਂ ਉਨ੍ਹਾਂ ਨੇ ਟੋਲ ਪਲਾਜ਼ਾ ਦਾ ਪ੍ਰਬੰਧ ਕਰਨ ਵਾਲੀਆਂ ਕੰਪਨੀਆਂ ਦੇ ਅਧਿਕਾਰਾਂ ਦੀ ਰਾਖੀ ਕੀਤੀ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਲੋਕਾਂ ਤੋਂ ਲੁੱਟਿਆ ਗਿਆ ਇਕ-ਇਕ ਪੈਸਾ ਇਨ੍ਹਾਂ ਕੰਪਨੀਆਂ ਤੋਂ ਵਸੂਲ ਕੀਤਾ ਜਾਵੇਗਾ ਅਤੇ ਕਾਨੂੰਨੀ ਰਾਹ ਅਖਤਿਆਰ ਕਰਕੇ ਇਨ੍ਹਾਂ ਕੰਪਨੀਆਂ ਤੋਂ ਬਕਾਇਆ ਰਾਸ਼ੀ ਵੀ ਭਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰਾਹਤ ਦੇਣ ਲਈ ਆਉਣ ਵਾਲੇ ਦਿਨਾਂ ਵਿੱਚ ਅਜਿਹੇ ਹੋਰ ਟੋਲ ਪਲਾਜ਼ੇ ਬੰਦ ਕਰਵਾਏ ਜਾਣਗੇ। ਭਗਵੰਤ ਮਾਨ ਨੇ ਪੰਜਾਬ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

# ਈਰਾਨ ਵਿਚ ਫਰਜ਼ੀ ਬਿਊਟੀ ਕਲੀਨਕ ਚਲਾਉਣ ਵਾਲੇ ਤਿੰਨ ਬਲਾਤਕਾਰੀਆਂ ਨੂੰ ਦਿੱਤੀ ਫਾਂਸੀ



ਤਹਿਰਾਨ, 5 ਜੁਲਾਈ (ਪੋਸਟ ਬਿਊਰੋ): ਈਰਾਨ ਵਿਚ ਬਲਾਤਕਾਰ ਦੇ ਦੋਸ਼ੀ ਪਾਏ ਗਏ ਤਿੰਨ ਲੋਕਾਂ ਨੂੰ ਮੰਗਲਵਾਰ ਨੂੰ ਫਾਂਸੀ ਦੇ ਦਿੱਤੀ ਗਈ। ਤਿੰਨੇ ਦੋਸ਼ੀ ਬਿਊਟੀ ਕਲੀਨਿਕ ਚਲਾਉਂਦੇ ਸਨ ਅਤੇ ਇਲਾਜ ਦੇ ਬਹਾਨੇ ਔਰਤਾਂ ਅਤੇ ਲੜਕੀਆਂ ਨੂੰ ਇੱਥੇ ਲਿਆਉਂਦੇ ਸਨ। ਇਸ ਤੋਂ ਬਾਅਦ ਇਲਾਜ ਦੇ ਬਹਾਨੇ ਉਨ੍ਹਾਂ ਨੂੰ ਬੇਹੋਸ਼ੀ ਦਾ ਟੀਕਾ ਲਗਾ ਕੇ ਜਬਰ-ਜ਼ਨਾਹ ਕਰਦੇ ਸਨ। ਇਨ੍ਹਾਂ ਵਿੱਚ ਦੋ ਮੇਲ ਨਰਸਾਂ ਅਤੇ ਇੱਕ ਡਾਕਟਰ ਸ਼ਾਮਿਲ ਹਨ।

ਤਿੰਨਾਂ ਨੂੰ ਨਵੰਬਰ 2021 ਵਿਚ ਦੱਖਣੀ ਈਰਾਨ ਦੇ ਇੱਕ ਸ਼ਹਿਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਉਨ੍ਹਾਂ ਦੀ ਘਿਨਾਉਣੀ ਹਰਕਤ ਦੀਆਂ ਕੁਝ ਤਸਵੀਰਾਂ ਅਤੇ ਵੀਡੀਓਜ਼ ਇੰਟਰਨੈੱਟ 'ਤੇ ਵਾਇਰਲ ਹੋਈਆਂ ਸਨ। ਮੀਡੀਆ ਰਿਪੋਰਟਾਂ ਮੁਤਾਬਕ ਇਹ ਤਿੰਨੇ ਮੈਡੀਕਲ ਸਟੋਰ ਜਾਂ ਹਸਪਤਾਲ ਤੋਂ ਬੇਹੋਸ਼ੀ ਦੀਆਂ ਦਵਾਈਆਂ ਚੋਰੀ ਕਰਦੇ ਸਨ। ਈਰਾਨ ਵਿਚ ਇਸ ਸਾਲ ਹੁਣ ਤੱਕ ਵੱਖ-ਵੱਖ ਮਾਮਲਿਆਂ ਵਿੱਚ 354 ਦੋਸ਼ੀਆਂ ਨੂੰ ਫਾਂਸੀ ਦਿੱਤੀ ਜਾ ਚੁੱਕੀ ਹੈ।

ਤਿੰਨੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਦੀ ਪੁਸ਼ਟੀ ਈਰਾਨ ਦੀ ਸੁਪਰੀਮ ਜੁਡੀਸ਼ੀਅਲ ਕੌਂਸਲ ਦੇ ਅਧਿਕਾਰੀਆਂ ਨੇ ਕੀਤੀ ਹੈ। ਇਕ ਅਧਿਕਾਰੀ ਦੇ ਮੁਤਾਬਕ ਨਵੰਬਰ 2021 'ਚ ਸੋਸ਼ਲ ਮੀਡੀਆ 'ਤੇ ਕੁਝ ਤਸਵੀਰਾਂ ਅਤੇ ਵੀਡੀਓਜ਼ ਵਾਇਰਲ ਹੋਈਆਂ ਸਨ। ਉਨ੍ਹਾਂ ਦੀ ਜਾਂਚ ਦੌਰਾਨ ਪਤਾ ਲੱਗਾ ਕਿ ਬਲਾਤਕਾਰ ਦੇ ਕਈ ਮਾਮਲੇ ਸਾਹ-ਮਣੇ ਆਏ ਹਨ ਅਤੇ ਤਿੰਨ ਲੋਕਾਂ ਦੇ ਨਾਮ ਸਾਹਮਣੇ ਆਏ ਹਨ। ਇਸ ਤੋਂ ਬਾਅਦ ਜਾਂਚ ਏਜੰਸੀਆਂ ਨੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਇਸ ਤੋਂ ਬਾਅਦ ਸੁਣਵਾਈ ਸ਼ੁਰੂ ਹੋਈ।

ਤਿੰਨਾਂ 'ਤੇ ਬਿਊਟੀ ਕਲੀਨਕ ਖੋਲ੍ਹਣ ਦਾ ਦੋਸ਼ ਸੀ। ਇਸ ਲਈ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਵਿੱਚ ਇਸ਼ਤਿਹਾਰ ਵੀ ਦਿੱਤੇ ਗਏ ਸਨ। ਬਹੁਤ ਸਾਰੀਆਂ ਕੁੜੀਆਂ ਜਾਂ ਔਰਤਾਂ ਇਨ੍ਹਾਂ ਦੀ ਆੜ ਵਿਚ ਆ ਕੇ ਬਿਊਟੀ ਟ੍ਰੀਟਮੈਂਟ ਕਰਵਾਉਂਦੀਆਂ ਹਨ। ਇੱਥੇ ਮੁਲਜ਼ਮ ਇਲਾਜ ਦੇ ਬਹਾਨੇ ਪਹਿਲਾਂ ਉਨ੍ਹਾਂ ਨੂੰ ਬੇਹੋਸ਼ ਕਰਨ ਵਾਲੀ ਦਵਾਈ ਦਾ ਟੀਕਾ ਦਿੰਦਾ ਸੀ ਅਤੇ ਬਾਅਦ ਵਿੱਚ ਉਨ੍ਹਾਂ ਨਾਲ ਬਲਾਤਕਾਰ ਕਰਦਾ ਸੀ।

ਅਫਸਰਾਂ ਅਨੁਸਾਰ ਤਿੰਨੇ ਦੋਸ਼ੀ ਸਿਖਲਾਈ ਪ੍ਰਾਪਤ ਮੈਡੀਕਲ ਕਰਮਚਾਰੀ ਸਨ। ਇਨ੍ਹਾਂ ਵਿੱਚੋਂ ਦੋ ਮੇਲ ਨਰਸਾਂ ਸਨ। ਸਾਰੀਆਂ ਦਵਾਈਆਂ ਚੋਰੀ ਹੋ ਗਈਆਂ। ਈਰਾਨ ਵਿੱਚ ਸ਼ਰੀਆ ਕਾਨੂੰਨ ਲਾਗੂ ਹੈ ਅਤੇ ਇਸ ਤਹਿਤ ਬਲਾਤਕਾਰ ਦੇ ਦੋਸ਼ੀਆਂ ਨੂੰ ਮੌਤ ਦੀ ਸਜ਼ਾ ਦਿੱਤੀ ਜਾਂਦੀ ਹੈ।

ਗ੍ਰਿਫਤਾਰ ਕੀਤੇ ਜਾਣ ਤੋਂ ਬਾਅਦ, ਤਿੰਨਾਂ ਦੀ ਸੁਣਵਾਈ ਲਗਭਗ ਇੱਕ ਸਾਲ ਤੱਕ ਚੱਲੀ। ਇਸ ਦੌਰਾਨ ਉਹ ਦੋਸ਼ੀ ਪਾਏ ਗਏ ਅਤੇ ਕੁਝ ਦਿਨ ਪਹਿਲਾਂ ਤਿੰਨਾਂ ਨੂੰ ਮੌਤ ਦੀ ਸਜ਼ਾ ਸੁਣਾਈ ਗਈ। ਇਹ ਸਜ਼ਾ ਮੰਗਲਵਾਰ ਤੜਕੇ ਉਨ੍ਹਾਂ ਨੂੰ ਦਿੱਤੀ ਗਈ।

ਅਦਾਲਤ ਨੇ ਆਪਣੇ ਹੁਕਮ ਵਿਚ ਕਿਹਾ ਸੀ ਕਿ ਤਿੰਨਾਂ ਦੋਸ਼ੀਆਂ ਨੇ ਗੈਰ-ਕਾਨੂੰਨੀ ਬਿਊਟੀ ਕਲੀਨਿਕ ਸ਼ੁਰੂ ਕੀਤੇ ਸਨ ਅਤੇ ਇਸ ਤੋਂ ਵੀ ਖਤਰਨਾਕ ਗੱਲ ਇਹ ਸੀ ਕਿ ਉਨ੍ਹਾਂ ਨੇ ਬੇਹੋਸ਼ੀ ਦੀ ਹਾਲਤ ਵਿਚ ਔਰਤਾਂ ਨਾਲ ਬਲਾਤਕਾਰ ਕੀਤਾ। ਬਲਾਤਕ-ਾਰ ਦੌਰਾਨ ਇਹ ਲੋਕ ਪੀੜਤਾਂ ਦੀ ਵੀਡੀਓ ਬਣਾ ਕੇ ਉਨ੍ਹਾਂ ਨੂੰ ਬਲੈਕਮੇਲ ਕਰਦੇ ਸਨ। ਕੁਲ ਮਿਲਾ ਕੇ ਉਨ੍ਹਾਂ ਨੂੰ ਬਲਾਤਕਾਰ ਦੇ ਸੱਤ ਮਾਮਲਿਆਂ ਵਿਚ ਦੋਸ਼ੀ ਪਾਇਆ ਗਿਆ ਸੀ।


URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


# ਬਠਿੰਡਾ ਅਤੇ ਪਠਾਨਕੋਟ ਦੀਆਂ ਧੀਆਂ ਦੀ ਆਫੀਸਰਜ਼ ਟਰੇਨਿੰਗ ਅਕੈਡਮੀ, ਚੇਨੱਈ ਵਿੱਚ ਪ੍ਰੀ-ਕਮਿਸ਼ਨ ਟਰੇਨਿੰਗ ਲਈ ਚੋਣ

**ਅਮਨ ਅਰੋੜਾ ਵੱਲੋਂ ਮਾਈ ਭਾਗੋ ਪ੍ਰੈਪਰੇਟਰੀ ਇੰਸਟੀਚਿਊਟ ਦੀਆਂ ਦੋਵੇਂ ਮਹਿਲਾ ਕੈਡਿਟਾਂ ਨੂੰ ਰੱਖਿਆ ਸੇਵਾਵਾਂ ਵਿੱਚ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ**



ਅਰਸ਼ਦੀਪ ਕੌਰ ਸਿੱਧੂ



ਪੱਲਵੀ ਰਾਜਪੂਤ

ਚੰਡੀਗੜ੍ਹ, 5 ਜੁਲਾਈ (ਪੋਸਟ ਬਿਊਰੋ): ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਏ.ਐਫ.ਪੀ.ਆਈ.) ਫਾਰ ਗਰਲਜ਼, ਐਸ.ਏ.ਐਸ. ਨਗਰ (ਮੋਹਾਲੀ) ਦੀਆਂ ਦੋ ਮਹਿਲਾ ਕੈਡਿਟਾਂ ਚੇਨੱਈ ਸਥਿਤ ਆਫੀਸਰਜ਼ ਟਰੇਨਿੰਗ ਅਕੈਡਮੀ ਵਿੱਚ ਪ੍ਰੀ-ਕਮਿਸ਼ਨ ਟਰੇਨਿੰਗ ਲਈ ਚੁਣੀਆਂ ਗਈਆਂ ਹਨ। ਦੋਵਾਂ ਮਹਿਲਾ ਕੈਡਿਟਾਂ, ਅਰਸ਼ਦੀਪ ਕੌਰ ਸਿੱਧੂ ਅਤੇ ਪੱਲਵੀ ਰਾਜਪੂਤ, ਦੀ ਸਿਖਲਾਈ ਅਕਤੂਬਰ, 2023 ਤੋਂ ਸ਼ੁਰੂ ਹੋਵੇਗੀ।

ਬਠਿੰਡਾ ਦੀ ਰਹਿਣ ਵਾਲੀ ਅਰਸ਼ਦੀਪ ਕੌਰ ਸਿੱਧੂ ਦੇ ਪਿਤਾ ਹਰਵਿੰਦਰ ਸਿੰਘ ਸਿੱਧੂ ਮਿਲਟਰੀ ਇੰਜਨੀਅਰਿੰਗ ਸਰਵਿਸ ਹਨ ਜਦੋਂਕਿ ਪੱਲਵੀ ਰਾਜਪੂਤ ਪਠਾਨਕੋਟ ਦੀ ਰਹਿਣ ਵਾਲੀ ਹੈ ਅਤੇ ਉਸ ਦੇ ਪਿਤਾ ਰਵਿੰਦਰ ਸਿੰਘ ਖੇਤੀ ਕਰਦੇ ਹਨ।

ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਦੋਵਾਂ ਮਹਿਲਾ ਕੈਡਿਟਾਂ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਮਾਈ ਭਾਗੋ ਏ.ਐਫ.ਪੀ.ਆਈ. ਪੰਜਾਬ ਦੀਆਂ ਬੇਟੀਆਂ ਨੂੰ 'ਵਿਮੈਨ ਆਫ਼ ਸਬਸਟੈਂਸ' ਵਿੱਚ ਬਦਲ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਸੰਸਥਾ ਪੰਜਾਬ ਦਾ ਮਾਣ ਹੈ, ਜੋ ਪੰਜਾਬ ਦੀਆਂ ਬੇਟੀਆਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਕਮਿ-ਸ਼ਨਡ ਅਫ਼ਸਰ ਬਣਨ ਵਿੱਚ ਮਦਦ ਕਰ ਰਹੀ ਹੈ।

ਸੂਬੇ ਦੀਆਂ ਲੜਕੀਆਂ ਦੇ ਰੱਖਿਆ ਸੇਵਾਵਾਂ ਵਿੱਚ ਜਾ ਕੇ ਦੇਸ਼ ਦੀ ਸੇਵਾ ਕਰਨ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹਾਲ ਹੀ ਵਿੱਚ ਮਾਈ ਭਾਗੋ ਏ.ਐਫ.ਪੀ.ਆਈ. ਵਿਖੇ ਐਨ.ਡੀ.ਏ. ਪ੍ਰੈਪਰੇਟਰੀ ਵਿੰਗ (ਲੜਕੀਆਂ) ਦੀ ਸਥਾਪਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿੱਥੇ 2 ਜੁਲਾਈ, 2023 ਤੋਂ ਕੋਰਸ ਸ਼ੁਰੂ ਹੋ ਚੁੱਕਾ ਹੈ।

ਮਾਈ ਭਾਗੋ ਏਐਫਪੀਆਈ ਦੇ ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ, ਏ.ਵੀ.ਐਸ.ਐਮ. (ਸੇਵਾਮੁਕਤ) ਨੇ ਦੋਵੇਂ ਮਹਿਲਾ ਕੈਡਿਟਾਂ ਦੀ ਚੋਣ 'ਤੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਇਨ੍ਹਾਂ ਮਹਿਲਾ ਕੈਡਿਟਾਂ ਦੀ ਚੋਣ ਨਾਲ ਹੁਣ ਤੱਕ ਸੰਸਥਾ ਦੀਆਂ 28 ਮਹਿਲਾ ਕੈਡਿਟਾਂ ਵੱਖ-ਵੱਖ ਆਰਮਡ ਫੋਰਸਿਜ਼ ਟਰੇਨਿੰਗ ਅਕੈਡਮੀਆਂ ਵਿੱਚ ਸ਼ਾਮਲ ਹੋ ਚੁੱਕੀਆਂ ਹਨ। ਉਨ੍ਹਾਂ ਨੇ ਇਹਨਾਂ ਮਹਿਲਾ ਕੈਡਿਟਾਂ ਨੂੰ ਰੱਖਿਆ ਸੇਵਾਵਾਂ ਵਿੱਚ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।


Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017